**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

# ਪੋਸਟ ਮੈਟ੍ਰਿਕ ਸਕਾਲਰਸ਼ਿਪ ਲਈ ਆਨਲਾਈਨ ਅਰਜ਼ੀਆਂ ਲੈਣ ਦੀ ਪ੍ਰਕਿਰਿਆ ਸ਼ੁਰੂ: ਈਸ਼ਾ ਕਾਲੀਆ

- **ਅਨੁਸੂਚਿਤ ਤੇ ਪੱਛੜੀਆਂ ਸ਼੍ਰੇਣੀਆਂ ਦੇ ਯੋਗ ਵਿਦਿਆਰਥੀ 24 ਅਕਤੂਬਰ ਤੱਕ ਕਰ ਸਕਦੇ ਹਨ ਅਪਲਾਈ**
- **ਆਨਲਾਈਨ ਪੋਰਟਲ 'ਤੇ ਜਾਅਲੀ ਕਲੇਮ ਦਰਜ ਕਰਨ ਵਾਲਿਆਂ ਵਿਰੁੱਧ ਹੋਵੇਗੀ ਕਾਰਵਾਈ**
- **ਡਾ. ਅੰਬੇਦਕਰ ਸਕਾਲਰਸ਼ਿਪ ਪੋਰਟਲ 'ਤੇ ਕੀਤਾ ਜਾ ਸਕਦਾ ਹੈ ਆਨਲਾਈਨ ਅਪਲਾਈ**

**ਫਾਜ਼ਿਲਕਾ 29 ਸਤੰਬਰ**

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਯੋਗ ਵਿਦਿਆਰਥੀਆਂ ਈ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਆਨਲਾਈਨ ਅਰਜ਼ੀਆਂ ਲੈਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਭਲਾਈ ਵਿਭਾਗ ਵੱਲੋਂ ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਦੇ ਯੋਗ ਵਿਦਿਆਰਥੀਆਂ ਵੱਲੋਂ ਸਕਾਲਰਸ਼ਿਪ ਲੈਣ ਲਈ ਡਾ. ਅੰਬੇਦਕਰ ਸਕਾਲਰਸ਼ਿਪ ਪੋਰਟਲ 'ਤੇ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਯੋਗ ਵਿਦਿਆਰਥੀਆਂ ਨੂੰ ਪਾਰਦਰਸ਼ੀ ਢੰਗ ਨਾਲ ਸਕਾਲਰਸ਼ਿਪ ਦੇਣ ਲਈ ਇਹ ਆਨਲਾਈਨ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੈਟ੍ਰਿਕ ਤੋਂ ਅੱਗੇ ਦੀ ਪੜ੍ਹਾਈ ਲਈ ਯੋਗ ਐਸ.ਸੀ./ਬੀ.ਸੀ. ਵਿਦਿਆਰਥੀ ਇਨ੍ਹਾਂ ਭਲਾਈ ਸਕੀਮਾਂ ਦਾ ਲਾਭ ਉਠਾ ਸਕਦੇ ਹਨ ਤੇ ਆਪਣੀ ਮੰਜ਼ਿਲ ਨੂੰ ਪ੍ਰਾਪਤ ਕਰਨ ਦੇ ਯੋਗ ਬਣ ਸਕਦੇ ਹਨ। ਉਨ੍ਹਾਂ ਦੱਸਿਆ ਕਿ ਭਲਾਈ ਵਿਭਾਗ ਵਲੋਂ ਜਾਰੀ ਸ਼ਡਿਊਲ ਅਨੁਸਾਰ ਯੋਗ ਵਿਦਿਆਰਥੀ 24 ਅਕਤੂਬਰ 2017 ਤੱਕ ਪੋਰਟਲ 'ਤੇ ਆਨਲਾਈਨ ਅਪਲਾਈ ਕਰ ਸਕਦੇ ਹਨ, ਜਦਕਿ ਵੱਖ-ਵੱਖ ਸਿੱਖਿਆ ਸੰਸਥਾਵਾਂ ਤੇ ਵਿਦਿਆਰਥੀਆਂ ਤੋਂ ਪ੍ਰਾਪਤ ਆਨਲਾਈਨ ਅਰਜ਼ੀਆਂ 25 ਅਕਤੂਬਰ ਤੋਂ 10 ਨਵੰਬਰ 2017 ਤੱਕ ਸੈਕਸ਼ਨਿੰਗ ਅਥਾਰਿਟੀ ਨੂੰ ਪੇਸ਼ ਕਰਨਗੀਆਂ। ਉਨ੍ਹਾਂ ਦੱਸਿਆ ਕਿ ਸੈਕਸ਼ਨਿੰਗ ਅਥਾਰਿਟੀ ਵੱਲੋਂ ਸੰਸਥਾਵਾਂ ਤੋਂ ਪ੍ਰਾਪਤ ਅਰਜ਼ੀਆਂ ਲਾਈਨ ਵਿਭਾਗਾਂ ਨੂੰ ਭੇਜਣ/ਫਾਰਵਰਡ ਕਰਨ ਦਾ ਸਮਾਂ 11 ਨਵੰਬਰ ਤੋਂ 4 ਦਸੰਬਰ 2017 ਤੱਕ ਨਿਰਧਾਰਤ ਕੀਤਾ ਗਿਆ ਹੈ। ਇਸੇ ਤਰ੍ਹਾਂ ਸਬੰਧਤ ਲਾਈਨ ਵਿਭਾਗ (ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਵਿਭਾਗ, ਉਚੇਰੀ ਸਿੱਖਿਆ, ਸਕੂਲ ਸਿੱਖਿਆ ਵਿਭਾਗ) 5 ਦਸੰਬਰ ਤੋਂ 11 ਦਸੰਬਰ 2017 ਤੱਕ ਸੈਕਸ਼ਨਿੰਗ ਅਥਾਰਿਟੀ ਤੋਂ ਪ੍ਰਾਪਤ ਅਰਜ਼ੀਆਂ ਸਬੰਧੀ ਲੋੜੀਂਦੀ ਕਾਰਵਾਈ ਕਰਕੇ 11 ਦਸੰਬਰ 2017 ਤੱਕ ਭਲਾਈ ਵਿਭਾਗ ਨੂੰ ਭੇਜੇਗਾ ਅਤੇ ਭਲਾਈ ਵਿਭਾਗ ਵੱਲੋਂ ਇਹ ਸਾਰੀ ਕਾਰਵਾਈ ਨੂੰ 12 ਦਸੰਬਰ ਤੋਂ 17 ਦਸੰਬਰ 2017 ਤੱਕ ਮੁਕੰਮਲ ਕੀਤਾ ਜਾਵੇਗਾ ਅਤੇ ਸੰਕਲਿਤ ਤਜ਼ਵੀਜ਼ ਭਾਰਤ ਸਰਕਾਰ ਨੂੰ ਭੇਜੀ ਜਾਵੇਗੀ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਲਾਈ ਅਫ਼ਸਰ ਸ: ਬਰਿੰਦਰ ਸਿੰਘ ਨੇ ਅੱਗੇ ਦੱਸਿਆ ਕਿ ਭਲਾਈ ਵਿਭਾਗ ਨੇ ਸਾਲ 2017-18 ਤੋਂ ਅਹਿਮ ਕਦਮ ਉਠਾਏ ਹਨ ਤਾਂ ਜੋ ਜਾਅਲੀ ਵਿਦਿਆਰਥੀਆਂ ਅਤੇ ਡੁਪਲੀਕੇਸੀ ਨੂੰ ਰੋਕਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਸਕਾਲਰਸ਼ਿਪ ਲਈ ਅਪਲਾਈ ਕਰਨ ਦੀ ਪ੍ਰਕਿਰਿਆ ਨੂੰ ਲਾਜ਼ਮੀ

ਤੌਰ 'ਤੇ ਅਧਾਰ ਨੰਬਰ ਨਾਲ ਵੀ ਜੋੜਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਵੱਲੋਂ ਸਕਾਲਰਸ਼ਿਪ ਅਰਜ਼ੀਆਂ ਆਨਲਾਈਨ ਪੇਸ਼ ਕਰਨ ਤੋਂ ਪਹਿਲਾਂ ਹਸਤਾਖਰਸ਼ੁਦਾ ਅੰਡਰਟੇਕਿੰਗ ਅਤੇ ਫੋਟੋ ਪੋਰਟਲ 'ਤੇ ਅੱਪਲੋਡ ਕੀਤੇ ਜਾਣ ਨੂੰ ਯਕੀਨੀ ਬਣਾਇਆ ਜਾਵੇਗਾ।

ਜ਼ਿਲ੍ਹਾ ਭਲਾਈ ਅਫਸਰ ਨੇ ਕਿਹਾ ਕਿ ਭਲਾਈ ਵਿਭਾਗ ਵੱਲੋਂ ਇਹ ਸਭ ਤੋਂ ਅਹਿਮ ਕਦਮ ਉਠਾਇਆ ਗਿਆ ਹੈ ਕਿ ਸੰਸਥਾ ਦੇ ਮੁਖੀ ਅਤੇ ਸੈਕਸ਼ਨਿੰਗ ਅਥਾਰਿਟੀ ਵੱਲੋਂ ਅਰਜ਼ੀਆਂ ਨੂੰ ਪ੍ਰਵਾਨ/ਫਾਰਵਰਡ ਕਰਦੇ ਸਮੇਂ ਸੰਸਥਾ ਦੇ ਮੁਖੀ ਅਤੇ ਸੈਕਸ਼ਨਿੰਗ ਅਥਾਰਿਟੀ ਦੇ ਈ-ਹਸਤਾਖਰ ਨੂੰ ਜ਼ਰੂਰੀ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਸਾਲ 2017-18 ਦੌਰਾਨ ਕਿਸੇ ਵਿਦਿਆਰਥੀ ਵਲੋਂ ਜਾਂ ਸੰਸਥਾ ਵੱਲੋਂ ਜਾਅਲੀ ਕਲੇਮ ਆਨਲਾਈਨ ਪੋਰਟਲ 'ਤੇ ਪੇਸ਼ ਕੀਤੇ ਜਾਂਦੇ ਹਨ ਤਾਂ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਦਿਆਰਥੀ ਨੂੰ ਆਨਲਾਈਨ ਅਪਲਾਈ ਕਰਦੇ ਸਮੇਂ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਲਾਈਨ ਵਿਭਾਗ ਦੇ ਨੋਡਲ ਅਫਸਰ ਜਾਂ ਭਲਾਈ ਵਿਭਾਗ ਦੇ ਡਿਪਟੀ ਡਾਇਰੈਕਟਰ ਨਾਲ 0172-2600588 'ਤੇ ਸੰਪਰਕ ਕੀਤਾ ਜਾ ਸਕਦਾ ਹੈ।